# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਦੇ 12 ਚਲਾਨ ਕੱਟੇ ਗਏ... ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 5 ਸਤੰਬਰ ਨਗਰ ਨਿਗਮ ਹੁਸ਼ਿਆਰਪੁਰ ਵਿਚ ਦੁਕਾਨਦਾਰਾਂ ਵਲੋਂ ਸੜਕਾਂ ਅਤੇ ਬਜਾਰਾਂ ਵਿਚ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਲਈ ਵਿਸ਼ੇਸ਼ ਮੁਹਿੰਮ ਤਹਿਤ ਨਗਰ ਨਿਗਮ ਦੇ ਸਟਾਫ ਵਲੋਂ ਵੱਖ ਵੱਖ ਦੁਕਾਨਾਂ ਤੇ ਜਾ ਕੇ ਉਹਨਾਂ ਵਲੋਂ ਨਗਰ ਨਿਗਮ ਦੀ ਜਗਾ ਤੇ ਲਗਾਏ ਗਏ ਸਮਾਨ ਨੂੰ ਕਬਜੇ ਵਿਚ ਲਿਆ ਜਾ ਰਿਹਾ ਹੈ ਅਤੇ ਉਹਨਾਂ ਦੇ ਚਲਾਨ ਕੱਟਣ ਉਪਰੰਤ ਜੁਰਮਾਨੇ ਵੀ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆ ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਅੱਜ ਨਗਰ ਨਿਗਮ ਦੇ ਸੁਪਰਡੈਂਟ ਸਵਾਮੀ ਸਿੰਘ ਦੀ ਅਗਵਾਈ ਵਿੱਚ ਭੇਜੀ ਗਈ ਤਹਿਬਜਾਰੀ ਟੀਮ ਨੇ ਸ਼ਹਿਰ ਦੇ ਵੱਖ ਵੱਖ ਬਜਾਰਾਂ ਘੰਟਾ ਘਰ, ਰੇਲਵੇ ਰੋਡ, ਸਬਜੀ ਮੰਡੀ, ਬੱਸ ਸਟੈਂਡ, ਸੁਤੇਹਰੀ ਰੋਡ ਵਿੱਚ ਜਾ ਕੇ ਚੈਕਿੰਗ ਕੀਤੀ ਅਤੇ 12 ਦੁਕਾਨਦਾਰਾਂ ਦੇ ਚਲਾਨ ਕੱਟੇ।

ਮੇਅਰ ਸ਼ਿਵ ਸੂਦ ਨੇ ਦੁਕਾਨਦਾਰਾਂ ਵਪਾਰੀਆਂ ਅਤੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਤਾਂ ਜ਼ੋ ਸੜਕਾਂ ਤੇ ਟਰੈਫਿਕ ਦੀ ਸਮੱਸਿਆ ਨਾ ਪੇਸ਼ ਆਵੇ, ਉਹਨਾਂ ਦੱਸਿਆ ਕਿ ਨਗਰ ਨਿਗਮ ਵਲੋਂ ਸੜਕਾਂ ਤੇ ਨਜਾਇਜ ਕਬਜੇ ਹਟਾਉਣ ਸਬੰਧੀ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਉਹਨਾਂ ਦੱਸਿਆ ਕਿ ਸ਼ਹਿਰ ਵਿਚੋਂ ਨਜਾਇਜ ਕਬਜੇ ਹਟਾਉਣ ਲਈ ਬਣਾਈ ਗਈ ਟੀਮ ਵਿਚ ਤਹਿਬਜਾਰੀ ਸੁਪਰਡੈਂਟ ਸੁਆਮੀ ਸਿੰਘ, ਇੰਸਪੈਕਟਰ ਸੁਰਜੀਤ ਬਹਿਲ, ਵਿਨੈ ਉਪਲ ਅਤੇ ਸੰਨੀ ਸ਼ਾਮਲ ਹਨ ਜ਼ੋ ਰੋਜਾਨਾਂ ਬਜਾਰਾਂ ਵਿਚੋਂ ਦੁਕਾਨਦਾਰਾਂ ਵਲੋਂ ਕੀਤੇ ਨਜਾਇਜ ਕਬਜਿਆਂ ਵਾਲੀ ਥਾਂ ਤੋਂ ਸਮਾਨ ਨੂੰ ਆਪਣੇ ਕਬਜੇ ਵਿਚ ਲੈ ਰਹੀ ਹੈ।